ਦੇਵਗੰਧਾਰੀ ਮਹਲਾ ੫ ॥ ਤੇਰਾ ਜਨੁ ਰਾਮ ਰਸਾਇਣਿ ਮਾਤਾ ॥ ਪ੍ਰੇਮ ਰਸਾ ਨਿਧਿ ਜਾ ਕਉ ਉਪਜੀ ਛੋਡਿ ਨ ਕਤਹੂ ਜਾਤਾ ॥੧॥ ਰਹਾਉ ॥ ਬੈਠਤ ਹਰਿ ਹਰਿ ਸੋਵਤ ਹਰਿ ਹਰਿ ਹਰਿ ਰਸੁ ਭੋਜਨੁ ਖਾਤਾ ॥ ਅਠਸਠਿ ਤੀਰਥ ਮਜਨੁ ਕੀਨੋ ਸਾਧੂ ਧੂਰੀ ਨਾਤਾ ॥ ੧॥ ਸਫਲੁ ਜਨਮੁ ਹਰਿ ਜਨ ਕਾ ਉਪਜਿਆ ਜਿਨਿ ਕੀਨੋ ਸਉਤੁ ਬਿਧਾਤਾ ॥ ਸਗਲ ਸਮੂਹ ਲੈ ਉਧਰੇ ਨਾਨਕ ਪੂਰਨ ਬ੍ਰਹਮੁ ਪਛਾਤਾ ॥ ੨॥੨੧॥

{ਪੰਨਾ 532}

ਪਦਅਰਥ:- ਜਨੁ—ਸੇਵਕ, ਭਗਤ। ਰਸਾਇਣਿ—ਰਸਾਇਣ ਵਿਚ। ਰਸਾਇਣ—{rs-AXn—ਰਸਾਂ ਦਾ ਘਰ} ਉਹ ਦਵਾਈ ਜੋ ਉਮਰ ਲੰਮੀ ਕਰੇ ਤੇ ਬੁਢੇਪਾ ਨਾਹ ਆਉਣ ਦੇਵੇ। ਮਾਤਾ—ਮਸਤ। ਨਿਧਿ—ਖ਼ਜ਼ਾਨਾ। ਜਾ ਕਉ—ਜਿਸ ਮਨੁੱਖ ਨੂੰ। ਕਤ ਹੂੰ—ਕਿਤੇ ਭੀ।1। ਰਹਾਉ।

ਅਠਸਠਿ—ਅਠਾਹਠ। ਮਜਨੁ—ਇਸ਼ਨਾਨ। ਸਾਧੂ ਧੂਰੀ—ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ। ਨਾਤਾ—ਨ੍ਹਾਤਾ, ਇਸ਼ਨਾਨ ਕਰ ਲਿਆ।1।

ਸਫਲੁ—ਕਾਮਯਾਬ। ਉਪਜਿਆ—ਹੋ ਪਿਆ। ਜਿਨਿ—ਜਿਸ (ਹਰਿ-ਜਨ) ਨੇ। ਸਉਤੁ—{s-pu>} ਸਉਤ੍ਰਾ, ਪੁੱਤਰ ਵਾਲਾ {ਇਸ ਦੇ ਟਾਕਰੇ ਤੇ ਹੈ ਅਉਤ੍ਰਾ, A-pu>, ਪੁਤ੍ਰ ਹੀਨ}। ਸਗਲ ਸਮੂਹ—ਸਾਰੇ ਸਾਥਾਂ ਨੂੰ। ਲੈ—ਨਾਲ ਲੈ ਕੇ। ਉਧਰੇ—ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ। ਬਿਧਾਤਾ—ਕਰਤਾਰ।2।

ਅਰਥ:- ਹੇ ਪ੍ਰਭੂ! ਤੇਰਾ ਭਗਤ ਤੇਰੇ ਨਾਮ ਦੀ ਰਸਾਇਣ ਵਿਚ ਮਸਤ ਰਹਿੰਦਾ ਹੈ। ਜਿਸ ਮਨੁੱਖ ਨੂੰ ਤੇਰੇ ਪ੍ਰੇਮ-ਰਸ ਦਾ ਖ਼ਜ਼ਾਨਾ ਮਿਲ ਜਾਏ, ਉਹ ਉਸ ਖ਼ਜ਼ਾਨੇ ਨੂੰ ਛੱਡ ਕੇ ਕਿਸੇ ਹੋਰ ਥਾਂ ਨਹੀਂ ਜਾਂਦਾ (ਭਟਕਦਾ)।1। ਰਹਾਉ।

(ਹੇ ਭਾਈ! ਪ੍ਰਭੂ ਦੇ ਨਾਮ-ਰਸਾਇਣ ਵਿਚ ਮਸਤ ਮਨੁੱਖ) ਬੈਠਿਆਂ ਹਰਿ-ਨਾਮ ਉਚਾਰਦਾ ਹੈ, ਸੁੱਤਿਆਂ ਭੀ ਹਰਿ-ਨਾਮ ਵਿਚ ਸੁਰਤਿ ਰੱਖਦਾ ਹੈ, ਉਹ ਮਨੁੱਖ ਹਰਿ-ਨਾਮ-ਰਸ (ਨੂੰ ਆਤਮਕ ਜੀਵਨ ਦੀ) ਖ਼ੁਰਾਕ (ਬਣਾ ਕੇ) ਖਾਂਦਾ ਰਹਿੰਦਾ ਹੈ। ਉਹ ਮਨੁੱਖ ਸੰਤ ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਹੈ (ਮਾਨੋ,) ਉਹ ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਰਿਹਾ ਹੈ।1।

ਹੇ ਭਾਈ! ਪਰਮਾਤਮਾ ਦੇ ਭਗਤ ਦਾ ਜੀਵਨ ਕਾਮਯਾਬ ਹੋ ਪੈਂਦਾ ਹੈ, ਉਸ ਭਗਤ-ਜਨ ਨੇ (ਮਾਨੋ) ਪਰਮਾਤਮਾ ਨੂੰ ਸਪੁੱਤ੍ਰਾ ਬਣਾ ਦਿੱਤਾ। ਹੇ ਨਾਨਕ! ਉਹ ਮਨੁੱਖ ਸਰਬ-ਵਿਆਪਕ ਪ੍ਰਭੂ ਨਾਲ ਡੂੰਘੀ ਸਾਂਝ ਬਣਾ ਲੈਂਦਾ ਹੈ, ਉਹ ਆਪਣੇ ਹੋਰ ਸਾਰੇ ਹੀ ਸਾਥੀਆਂ ਨੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।2। 21।